28 Oct-Jag-5-6-7-8.qxd 28-Oct-25 11:00 PM Page 1







# ਵਿਧਾਨ ਸਭਾ ਹਲਕਾ ਗਿੱਲ ਦੇ ਇਲਾਕੇ ਦੀਆਂ ਸੜਕਾਂ ਦਾ ਮੰਦਾ ਹਾਲ-ਸਰੀਂਹ

ਆਲਮਗੀਰ, 28 ਅਕਤੂਬਰ (ਜਰਨੈਲ ਸਿੰਘ ਪੱਟੀ)-ਵਿਧਾਨ ਸਭਾ ਹਲਕਾ ਗਿੱਲ ਅਧੀਨ ਆਉਂਦੇ ਸਥਾਨਕ ਪਿੰਡ ਰਣੀਆਂ ਤੋਂ ਮਲੇਰਕੋਟਲਾ ਰੋਡ ਤੱਕ, ਪਿੰਡ ਗਿੱਲ ਦੀ ਮੁੱਖ ਸੜਕ ਦਾ ਬਹੁਤ ਮੰਦਾ ਹਾਲ ਹੈ। ਉਪਰੋਕਤ ਜਾਣਕਾਰੀ ਦਿੰਦਿਆਂ ਬਹੁਜਨ ਸਮਾਜ ਪਾਰਟੀ ਦੇ ਸੂਬਾ ਸਕੱਤਰ ਭਾਗ ਸਿੰਘ ਨੇ ਦੱਸਿਆ ਕਿ ਸਰੀਂਹ, ਆਲਮਗੀਰ ਤੋਂ ਇਲਾਵਾ ਡੇਹਲੋਂ ਤੋਂ ਕਿਲਾ ਰਾਏਪੁਰ, ਜੱਸੋਵਾਲ ਫਾਟਕ ਤੋਂ ਲੈ ਕੇ ਹਿਮਾਂਯੂੰਪੁਰਾ, ਇਯਾਲੀ ਚੌਕ ਤੋਂ ਲੈ ਕੇ ਪਿੰਡ ਬੈਂਸ ਤੱਕ ਸੜਕਾਂ ਦਾ ਬਹੁਤ ਬੁਰਾ ਹਾਲ ਹੈ। ਸੜਕ ਵਿਚ ਜਗ੍ਹਾ ਜਗ੍ਹਾ 'ਤੇ ਵੱਡੇ ਵੱਡੇ ਟੋਏ ਪੈ ਚੁੱਕੇ ਹਨ, ਜਿਸ ਕਾਰਨ ਹਰ ਰੋਜ਼ ਦੁਰਘਟਨਾਵਾਂ ਹੋ ਰਹੀਆਂ ਹਨ, ਪਰ ਆਮ ਆਦਮੀ ਪਾਰਟੀ ਦੀ ਅਗਵਾਈ ਹੇਠਲੀ ਸਰਕਾਰ ਵਲੋਂ ਹਰ ਰੋਜ਼ ਅਖ਼ਬਾਰਾਂ ਵਿਚ ਸ਼ਿੰਗਾਰ, ਸ਼ਿੰਗਾਰ ਕੇ ਲਿਖਵਾਇਆ ਜਾ ਰਿਹਾ ਹੈ ਕਿ ਸੂਬਾ ਪੰਜਾਬ ਅੰਦਰ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ। ਸੂਬਾ ਸਕੱਤਰ ਸਰੀਂਹ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵੀ ਪੂਰੀ ਫ਼ੇਲ੍ਹ ਹੋ ਚੁੱਕੀ ਹੈ, ਜਿਸ ਦੀ ਮਿਸਾਲ ਮਾਨਸਾ ਦੇ ਪਿੰਡ ਦੇ ਅਮਲੀ ਜੋੜੇ ਨੇ ਨਸ਼ੇ ਦੀ ਖਾਤਰ ਆਪਣੇ ਹੀ ਜਿਗਰ ਦੇ ਟੋਟੇ ਨੂੰ ਇਕ ਲੱਖ 80 ਹਜ਼ਾਰ ਰੁਪਏ ਵਿਚ ਵੇਚ ਦਿੱਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਸੂਬਾ ਪੰਜਾਬ ਵਿਚ ਲਾਅ ਐਂਡ ਆਰਡਰ ਦੀ ਸਥਿਤੀ ਨਿੱਤ ਦਿਹਾੜੇ ਵਿਗੜਦੀ ਜਾ ਰਹੀ ਹੈ।



ਸੂਬਾ ਸਕੱਤਰ ਭਾਗ ਸਿੰਘ ਸਰੀਂਹ

# ਬੀਬੀ ਅਮਨਦੀਪ ਕੌਰ ਨੂੰ ਫਾਊਂਡੇਸ਼ਨ ਦੀ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਥਾਪਿਆ

ਰਾਏਕੋਟ, 28 ਅਕਤੂਬਰ (ਸੁਸ਼ੀਲ)-ਸ੍ਰੀ ਦੁਰਗਾ ਸਪਤਸ਼ਤੀ ਚੰਡੀ ਮੰਦਰ ਫਾਊਂਡੇਸ਼ਨ ਦੀ ਇਕ ਮੀਟਿੰਗ ਰਾਏਕੋਟ ਨੇੜਲੇ ਪਿੰਡ ਚੱਕ ਭਾਈਕਾ ਵਿਖੇ ਹਰਜੀਤ ਸਿੰਘ ਬਲਾਕ ਪ੍ਰਧਾਨ ਸੁਧਾਰ ਦੀ ਅਗਵਾਈ ਹੇਠ ਹੋਈ, ਮੀਟਿੰਗ ਵਿਚ ਸ੍ਰੀ ਦੁਰਗਾ ਸਪਤਸ਼ਤੀ ਚੰਡੀ ਮੰਦਰ ਫਾਊਂਡੇਸ਼ਨ ਦੇ ਚੇਅਰਮੈਨ ਜੈ ਦੇਵ ਲਖਵਿੰਦਰ ਖਨੌੜਾ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਫਾਊਂਡੇਸ਼ਨ ਦੇ ਕੰਮਾਂ ਬਾਰੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਫਾਊਂਡੇਸ਼ਨ ਸਮਾਜ ਭਲਾਈ ਕੰਮਾਂ ਵਿਚ ਮੂਹਰੇ ਹੋ ਕੇ ਕੰਮ ਕਰੇਗੀ ਅਤੇ ਆਉਣ ਵਾਲੇ ਸਮੇਂ ਵਿਚ ਪਿੰਡਾਂ ਤੇ ਸ਼ਹਿਰਾਂ ਵਿਚ ਖ਼ੂਨਦਾਨ ਕੈਂਪ, ਸਟੈਨੋ ਕੋਰਸ ਕੈਂਪ, ਸਿਲਾਈ ਕਢਾਈ ਕੋਰਸ ਦੇ ਕੈਂਪ, ਮੈਡੀਕਲ ਚੈੱਕਅੱਪ ਕੈਂਪ, ਅੱਖਾਂ ਦੇ ਕੈਂਪ, ਦੰਦਾਂ ਦੇ ਕੈਂਪ, ਵਾਤਾਵਰਣ ਦੀ ਜਾਣਕਾਰੀ ਸਮੇਤ ਸਰਕਾਰ ਵਲੋਂ ਗਰੀਬ ਵਰਗ ਲਈ ਸ਼ੁਰੂ ਕੀਤੀਆਂ ਗਈਆਂ ਸਕੀਮਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਇਸ ਸਮਾਗਮ ਦੌਰਾਨ ਬੀਬੀ ਅਮਨਦੀਪ ਕੌਰ ਨੂੰ ਫਾਊਂਡੇਸ਼ਨ ਵਲੋਂ ਪੁਲਿਸ ਜ਼ਿਲ੍ਹਾ ਜਗਰਾਉਂ ਦਿਹਾਤੀ ਦੇ ਮਹਿਲਾ ਵਿੰਗ ਦੀ ਪ੍ਰਧਾਨ ਨਿਯੁਕਤ ਕਰਦੇ ਹੋਏ ਨਿਯੁਕਤੀ ਪੱਤਰ ਵੀ ਸੌਂਪਿਆ ਗਿਆ। ਉਨ੍ਹਾਂ ਤੋਂ ਇਲਾਵਾ ਸੰਸਥਾ ਵਲੋਂ ਹੋਰ ਵੀ ਨਵੇਂ ਨਿਯੁਕਤ ਕੀਤੇ ਗਏ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ। ਜਿਸ ਦੌਰਾਨ ਨਵ-ਨਿਯੁਕਤ ਪ੍ਰਧਾਨ ਅਮਨਦੀਪ ਕੌਰ ਵਲੋਂ ਫਾਊਂਡੇਸ਼ਨ ਦੇ ਬੋਰਡ ਆਫ ਡਾਇਰੈਕਟਰ ਦੇ ਚੇਅਰਮੈਨ ਅਤੇ ਉਨ੍ਹਾਂ ਦੀ ਟੀਮ ਦਾ ਧੰਨਵਾਦ ਕਰਨ ਦੇ ਨਾਲ-ਨਾਲ ਕਿਹਾ ਕਿ ਉਹ ਫਾਊਂਡੇਸ਼ਨ ਦੇ ਉਦੇਸ਼ਾਂ ਤੇ ਸਿਧਾਂਤਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਆਪੋ-ਆਪਣੇ ਇਲਾਕੇ ਵਿਚ ਆਪਣੀਆਂ ਟੀਮਾਂ ਦਾ ਗਠਨ ਕਰਕੇ ਸਮਾਜ ਭਲਾਈ ਦੇ ਕੰਮਾਂ ਵਿਚ ਸਰਗਰਮ ਰਹਿਣਗੇ। ਇਸ ਮੌਕੇ ਸੁਖਵਿੰਦਰ ਸਿੰਘ ਸ਼ੈਂਟੀ, ਵਰਿੰਦਰਜੀਤ ਸਿੰਘ ਭੱਟੀ, ਹਰਜੀਤ ਸਿੰਘ ਬਲਾਕ ਪ੍ਰਧਾਨ ਸੁਧਾਰ, ਸੁਮਿਤ ਮਿੱਤਲ ਜ਼ਿਲ੍ਹਾ ਪ੍ਰਧਾਨ ਫਤਿਹਗੜ੍ਹ ਸਾਹਿਬ, ਗੁਰਸੇਵਕ ਸਿੰਘ ਪ੍ਰਧਾਨ ਯੂਥ ਵਿੰਗ ਜ਼ਿਲ੍ਹਾ ਮਾਲੇਰਕੋਟਲਾ, ਰਾਮਲਾਲ ਜ਼ਿਲ੍ਹਾ ਪ੍ਰਧਾਨ ਮਾਲੇਰਕੋਟਲਾ, ਅਜੀਤਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਸ਼ੰਗਰੂਰ, ਜੀਵਨ ਕੁਮਾਰ ਬਲਾਕ ਪ੍ਰਧਾਨ ਜਗਰਾਉਂ, ਰਵਿੰਦਰ ਕੁਮਾਰ ਬਲਾਕ ਪ੍ਰਧਾਨ ਮਹਿਲ ਕਲਾਂ, ਇੰਦਰਪਾਲ ਸਿੰਘ ਵਾਈਸ ਬਲਾਕ ਪ੍ਰਧਾਨ ਸੁਧਾਰ, ਕੁਲਵਿੰਦਰ ਸਿੰਘ ਰਾਏਕੋਟ, ਰਾਜਵਿੰਦਰ ਸਿੰਘ, ਕਰਮਜੀਤ ਕੌਰ, ਸੁਖਦੇਵ ਕੌਰ, ਸੁਖਪ੍ਰੀਤ ਕੌਰ, ਪਲਵਿੰਦਰ ਕੌਰ ਸਮੇਤ ਹੋਰ ਕਈ ਹਾਜ਼ਰ ਸਨ।



ਮੀਟਿੰਗ ਦੌਰਾਨ ਮੈਡਮ ਅਮਨਦੀਪ ਕੌਰ ਨੂੰ ਨਿਯੁਕਤੀ ਪੱਤਰ ਸੌਂਪਦੇ ਹੋਏ ਚੇਅਰਮੈਨ ਜੈ ਦੇਵ ਲਖਵਿੰਦਰ ਖਨੌੜਾ ਤੇ ਹੋਰ ਅਹੁਦੇਦਾਰ। ਤਸਵੀਰ: ਸੁਸ਼ੀਲ



ਸਰਕਾਰੀ ਪ੍ਰਾਇਮਰੀ ਸੈਂਟਰ ਸਕੂਲ ਨੂਰਪੁਰ ਬੇਟ ਵਿਖੇ ਸ਼ੁਰੂ ਹੋਈਆਂ ਬਲਾਕ ਪੱਧਰੀ ਦੋ ਰੋਜ਼ਾ ਖੇਡਾਂ ਦਾ ਉਦਘਾਟਨ ਕਰਦੇ ਹੋਏ ਮੁੱਖ ਮਹਿਮਾਨ ਸਰਪੰਚ ਗੁਰਪ੍ਰੀਤ ਸਿੰਘ ਢੇਸੀ, 'ਆਪ' ਆਗੂ ਨਰਿੰਦਰ ਸਿੰਘ ਸੰਧੂ, ਬੀ.ਪੀ.ਈ.ਓ. ਰਮਨਜੀਤ ਸਿੰਘ ਸੰਧੂ ਤੇ ਹੋਰ। ਤਸਵੀਰ: ਮੇਜਰ ਹੰਬੜਾਂ

# ਸਰਕਾਰੀ ਪ੍ਰਾਇਮਰੀ ਸੈਂਟਰ ਸਕੂਲ ਨੂਰਪੁਰ ਬੇਟ 'ਚ ਦੋ ਰੋਜ਼ਾ ਖੇਡਾਂ ਸ਼ੁਰੂ

ਹੰਬੜਾਂ, 28 ਅਕਤੂਬਰ (ਮੇਜਰ ਹੰਬੜਾਂ)-ਸਰਕਾਰੀ ਪ੍ਰਾਇਮਰੀ ਸੈਂਟਰ ਸਕੂਲ ਨੂਰਪੁਰ ਬੇਟ ਵਿਖੇ ਦੋ ਰੋਜ਼ਾ ਬਲਾਕ ਪੱਧਰੀ ਖੇਡਾਂ ਸ਼ੁਰੂ ਹੋਈਆਂ, ਖੇਡਾਂ ਦਾ ਉਦਘਾਟਨ ਸਰਪੰਚ ਗੁਰਪ੍ਰੀਤ ਸਿੰਘ ਢੇਸੀ ਨੇ ਕੀਤਾ ਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਪੂਰੇ ਜੋਸ਼ ਨਾਲ ਖੇਡ ਮੁਕਾਬਲਿਆਂ 'ਚ ਕੁੱਦਣ ਤੇ ਉਹ ਜਿੱਤਾਂ ਜ਼ਰੂਰ ਦਰਜ ਕਰਨਗੇ। 'ਆਪ' ਦੇ ਬਲਾਕ ਪ੍ਰਧਾਨ ਨਰਿੰਦਰ ਸਿੰਘ ਸੰਧੂ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਰਮਨਜੀਤ ਸਿੰਘ ਸੰਧੂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਬੇਟ ਦੇ ਪ੍ਰਿੰਸੀਪਲ ਮੈਡਮ ਰੋਮਿਲ ਮਹਿਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਵਿਦਿਆਰਥੀ ਖਿਡਾਰੀਆਂ ਨੂੰ ਖੇਡ ਮੁਕਾਬਲੇ ਲਈ ਹੱਲਾਸ਼ੇਰੀ ਦਿੱਤੀ। ਸੈਂਟਰ ਹੈੱਡ ਟੀਚਰ ਮੈਡਮ ਪਰਮਿੰਦਰ ਕੌਰ ਨੇ ਦੱਸਿਆ ਕਿ ਅੱਜ ਹੋਏ ਖੇਡ ਮੁਕਾਬਲਿਆਂ ਵਿਚ ਕਬੱਡੀ (ਮੁੰਡੇ) ਨੂਰਪੁਰ ਬੇਟ ਸੈਂਟਰ ਸਕੂਲ ਪਹਿਲਾ ਸਥਾਨ, ਹੈਬੋਵਾਲ ਕਲਾਂ ਦੂਜਾ, 400 ਮੀਟਰ ਦੌੜ ਅਤੇ 600 ਮੀਟਰ ਦੌੜ ਵਿਚ ਸੈਂਟਰ ਨੂਰਪੁਰ ਬੇਟ ਪਹਿਲਾ ਸਥਾਨ, ਖੋ-ਖੋ ਕੁੜੀਆਂ ਸੈਂਟਰ ਗੋਬਿੰਦ ਨਗਰ ਪਹਿਲਾ ਸਥਾਨ, ਸੈਂਟਰ ਜਵਾਹਰ ਨਗਰ ਦੂਜਾ ਸਥਾਨ, ਦੌੜਾਂ 100 ਮੀਟਰ ਸੈਂਟਰ ਛੌਹਲੇ ਪਹਿਲਾ, ਸੈਂਟਰ ਨੂਰਪੁਰ ਬੇਟ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਸਮੇਂ ਸਰਪੰਚ ਗੁਰਪ੍ਰੀਤ ਸਿੰਘ ਢੇਸੀ, ਬੀ.ਪੀ.ਈ.ਓ ਰਮਨਜੀਤ ਸਿੰਘ ਸੰਧੂ, ਸੈਂਟਰ ਹੈੱਡ ਟੀਚਰ ਪਰਮਿੰਦਰ ਕੌਰ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ। ਇਸ ਮੌਕੇ ਮਾ: ਜਤਿੰਦਰ ਸਿੰਘ, ਮਾ: ਕੁਲਦੀਪ ਕੁਮਾਰ, ਮਾ: ਅਮਰਜੀਤ ਸਿੰਘ ਭੱਟੀਆਂ, ਮਨਵੀਰ ਸਿੰਘ, ਅਧਿਆਪਕ ਸੁਖਵਿੰਦਰ ਸਿੰਘ, ਖੁਸ਼ਕਿਸਮਤ ਸਿੰਘ, ਅਮਰਜੀਤ ਸਿੰਘ, ਭਗਵਾਨ ਸਿੰਘ, ਗੁਲਸ਼ਨਦੀਪ ਸਿੰਘ, ਕੁਲਵਿੰਦਰ ਸਿੰਘ, ਰਵਿੰਦਰ ਕਾਂਟੀਵਾਲ, ਗੁਰਚਰਨ ਸਿੰਘ, ਸਤਨਾਮ ਸਿੰਘ, ਸੁਮਨ ਮਲਹੋਤਰਾ, ਸ਼ਿਲਪਾ ਜਿੰਦਲ, ਸ਼ਵੇਤਾ, ਸਰਬਜੀਤ ਕੌਰ, ਪ੍ਰਤਿਭਾ ਤੱਗੜ, ਨੀਨੂ ਆਦਿ ਸਮੂਹ ਅਧਿਆਪਕ ਮੌਜੂਦ ਸਨ।



ਰੱਤੋਵਾਲ 'ਚ ਛਠ ਪੂਜਾ ਸਮੇਂ ਛਠ ਦੇ ਵਰਤ ਵਾਲੇ ਠੰਢੇ ਜਲ 'ਚ ਖੜ੍ਹ ਕੇ ਸੂਰਜ ਦੇਵਤਾ ਦੀ ਅਰਾਧਨਾ ਕਰਦੇ ਹੋਏ ਸ਼ਰਧਾਲੂ। ਤਸਵੀਰ: ਕ੍ਰਿਪਾਲ ਹੰਬੜਾਂ

# ਝੋਨੇ ਦਾ ਝਾੜ ਘਟਣ ਕਾਰਨ ਹੋਏ ਨੁਕਸਾਨ ਲਈ ਕੇਂਦਰ ਤੇ ਸੂਬਾ ਸਰਕਾਰ ਮੁਆਵਜ਼ਾ ਦੇਵੇ- ਇਯਾਲੀ

## ਝੋਨੇ ਦੇ ਘਟੇ ਝਾੜ ਨੇ ਸੂਬੇ ਭਰ ਦੇ ਕਿਸਾਨਾਂ ਦਾ ਆਰਥਿਕ ਪੱਖੋਂ ਲੱਕ ਤੋੜਿਆ-ਧਾਲੀਵਾਲ



ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਪਿੰਡ ਵਲੀਪੁਰ ਕਲਾਂ ਵਿਖੇ ਕਿਸਾਨ ਸੰਪੂਰਨ ਸਿੰਘ ਖਹਿਰਾ ਦੇ ਘਰ ਪੁੱਜਣ ਸਮੇਂ ਕਿਸਾਨਾਂ ਦੀ ਝੋਨੇ ਦੀ ਫ਼ਸਲ ਦੇ ਝਾੜ ਘਟਣ ਨਾਲ ਹੋਏ ਨੁਕਸਾਨ ਲਈ ਮੁਆਵਜ਼ੇ ਦੀ ਮੰਗ ਕਰਦੇ ਹੋਏ, ਨਾਲ ਸਰਕਲ ਪ੍ਰਧਾਨ ਗੁਰਮੀਤ ਸਿੰਘ ਧਾਲੀਵਾਲ ਤੇ ਹੋਰ। ਤਸਵੀਰ: ਮੇਜਰ ਹੰਬੜਾਂ

ਹੰਬੜਾਂ, 28 ਅਕਤੂਬਰ (ਮੇਜਰ ਹੰਬੜਾਂ)-ਕਿਸਾਨਾਂ ਦੀ ਝੋਨੇ ਦੀ ਫ਼ਸਲ ਦਾ ਪ੍ਰਤੀ ਏਕੜ 7 ਤੋਂ ਲੈ ਕੇ 10 ਕੁਇੰਟਲ ਤੱਕ ਝਾੜ ਘੱਟ ਨਿਕਲਣ ਕਰਕੇ ਕਿਸਾਨ ਨੂੰ ਭਾਰੀ ਆਰਥਿਕ ਸੱਟ ਵੱਜੀ ਹੈ, ਜਿਸ ਨੂੰ ਦੇਖਦਿਆਂ ਕੇਂਦਰ ਅਤੇ ਸੂਬਾ ਸਰਕਾਰ ਮੁਆਵਜ਼ੇ ਦਾ ਐਲਾਨ ਕਰੇ। ਇਹ ਪ੍ਰਗਟਾਵਾ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਪਿੰਡ ਵਲੀਪੁਰ ਕਲਾਂ ਵਿਖੇ ਟਕਸਾਲੀ ਆਗੂ ਸੰਪੂਰਨ ਸਿੰਘ ਖਹਿਰਾ ਦੇ ਘਰ ਪੁੱਜਣ ਸਮੇਂ ਝੋਨੇ ਦੀ ਫ਼ਸਲ ਦੇ ਝਾੜ ਘਟਣ 'ਤੇ ਚਿੰਤਾ ਪ੍ਰਗਟ ਕਰਦਿਆਂ ਕੀਤਾ। ਸ: ਇਯਾਲੀ ਨੇ ਕਿਹਾ ਕਿ ਕਿਸਾਨ ਪਹਿਲਾਂ ਹੀ ਕਰਜ਼ੇ ਥੱਲੇ ਦੱਬਿਆ ਹੋਇਆ ਹੈ ਤੇ ਦੂਸਰੇ ਪਾਸੇ ਸੂਬੇ 'ਚ ਪਏ ਭਾਰੀ ਮੀਂਹਾਂ ਤੇ ਝੋਨੇ ਨੂੰ ਪਈ ਬਿਮਾਰੀ ਕਾਰਨ ਝੋਨੇ ਦਾ ਝਾੜ ਘੱਟ ਨਿਕਲਣ ਕਰਕੇ ਕਿਸਾਨ ਨੂੰ ਭਾਰੀ ਆਰਥਿਕ ਸੱਟ ਵੱਜੀ ਹੈ, ਜਿਸ ਪਾਸੇ ਸਰਕਾਰਾਂ ਨੂੰ ਧਿਆਨ ਦਿੰਦਿਆਂ ਕਿਸਾਨਾਂ ਨੂੰ ਯੋਗ ਮੁਆਵਜ਼ਾ ਰਾਸ਼ੀ ਦੇਣ ਦਾ ਐਲਾਨ ਕਰਨਾ ਚਾਹੀਦਾ। ਇਯਾਲੀ ਨੇ ਹੋਰ ਕਿਹਾ ਕਿ ਬਹੁਤੇ ਕਿਸਾਨਾਂ ਵਲੋਂ ਜ਼ਮੀਨਾਂ ਠੇਕੇ 'ਤੇ ਲੈ ਕੇ ਖੇਤੀ ਕੀਤੀ ਜਾ ਰਹੀ ਹੈ ਤੇ ਝਾੜ ਘਟਣ ਕਾਰਨ ਠੇਕੇ 'ਤੇ ਖੇਤੀ ਕਰਨ ਵਾਲਾ ਕਿਸਾਨ ਚਿੰਤਾ ਵਿਚ ਡੁੱਬਿਆ ਹੋਇਆ ਹੈ ਕਿਉਂਕਿ ਉਸ ਨੂੰ ਜ਼ਮੀਨ ਮਾਲਕਾਂ ਨੂੰ ਇਸ ਵਾਰ ਠੇਕਾ ਕਰਜ਼ਾ ਚੁੱਕ ਕੇ ਦੇਣਾ ਪਵੇਗਾ, ਜਿਸ ਦੀ ਭਰਪਾਈ ਕਰਨੀ ਕਿਸਾਨ ਲਈ ਮੁਸ਼ਕਿਲ ਹੋਵੇਗੀ। ਸਰਕਲ ਪ੍ਰਧਾਨ ਗੁਰਮੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਝੋਨੇ ਦੇ ਘਟੇ ਝਾੜ ਨੇ ਸੂਬੇ ਭਰ ਦੇ ਕਿਸਾਨਾਂ ਦਾ ਆਰਥਿਕ ਪੱਖੋਂ ਲੱਕ ਤੋੜਿਆ ਹੈ, ਜਿਸ ਨੂੰ ਦੇਖਦਿਆਂ ਕੇਂਦਰ ਸਰਕਾਰ ਦੇ ਨਾਲ ਸੂਬਾ ਸਰਕਾਰ ਵੀ ਕਿਸਾਨਾਂ ਨੂੰ ਯੋਗ ਮੁਆਵਜ਼ਾ ਦੇਵੇ। ਇਸ ਮੌਕੇ ਸਮਾਜ ਸੇਵੀ ਸੰਪੂਰਨ ਸਿੰਘ ਖਹਿਰਾ, ਬਲਦੇਵ ਸਿੰਘ ਕੈਨੇਡਾ, ਹਰਜੀਤ ਸਿੰਘ, ਪਰਮਿੰਦਰ ਸਿੰਘ ਪਿੰਦਰ ਖਹਿਰਾ ਸਮੇਤ ਹੋਰ ਮੌਜੂਦ ਸਨ।

# ਸ਼ਹੀਦਾਂ ਦੀ ਯਾਦ 'ਚ 41ਵੀਂ ਸਾਲਾਨਾ ਬਰਸੀ ਤੇ ਸਮਾਗਮ 2 ਨੂੰ

ਲੁਧਿਆਣਾ, 28 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-1984 ਦੇ ਕਤਲੇਆਮ ਦੌਰਾਨ ਸਮੂਹ ਸ਼ਹੀਦਾਂ ਦੀ ਯਾਦ ਵਿਚ 41ਵੀਂ ਸਾਲਾਨਾ ਬਰਸੀ ਅਤੇ ਸਮਾਗਮ 2 ਨਵੰਬਰ ਦਿਨ ਐਤਵਾਰ ਨੂੰ ਸ਼ਾਮ 7 ਤੋਂ 10 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਫੇਸ-1 ਨੇੜੇ ਸੀ.ਆਰ.ਪੀ.ਐਫ਼ ਕਾਲੋਨੀ ਦੁੱਗਰੀ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦੰਗਾ ਪੀੜਤ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਸੁਰਜੀਤ ਅਤੇ ਮਹਿਲਾ ਵਿੰਗ ਦੀ ਪ੍ਰਧਾਨ ਬੀਬੀ ਗੁਰਦੀਪ ਕੌਰ ਨੇ ਦੱਸਿਆ ਕਿ ਸਮਾਗਮ 'ਚ ਸਿੱਖ ਪੰਥ ਦੀਆਂ ਮਹਾਨ ਸ਼ਖ਼ਸੀਅਤਾਂ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਦੱਸਿਆ ਕਿ ਭਾਈ ਭੁਪਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਨਿਰਭੈ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਨਗੇ। ਪ੍ਰਧਾਨ ਸੁਰਜੀਤ ਸਿੰਘ ਨੇ ਦੱਸਿਆ ਕਿ ਰਾਜੀਵ ਗਾਂਧੀ ਦੇ ਹੁਕਮ 'ਤੇ ਕਾਂਗਰਸੀਆਂ ਨੇ ਸਿੱਖਾਂ ਦਾ ਸ਼ਰ੍ਹੇਆਮ ਕਤਲੇਆਮ ਕੀਤਾ, ਜਿਸ ਕਾਰਨ ਪੀੜਤ ਪਰਿਵਾਰਾਂ ਦੇ ਜ਼ਖ਼ਮ ਅੱਜ ਤੱਕ ਵੀ ਅੱਲ੍ਹੇ ਹੀ ਹਨ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਇਹਨਾਂ ਸ਼ਹੀਦਾਂ ਦੇ ਪਰਿਵਾਰਾਂ ਦੀ ਬਾਂਹ ਫੜਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਹੁਣ ਸਰਕਾਰ ਆਪਣੇ ਵਾਅਦੇ ਤੋਂ ਮੁੱਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿਚ ਜਥੇਬੰਦੀ ਦੀ ਇਕ ਮੀਟਿੰਗ ਕੀਤੀ ਜਾਵੇਗੀ, ਜਿਸ ਵਿਚ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ।





ਪ੍ਰਧਾਨ ਸੁਰਜੀਤ ਸਿੰਘ, ਬੀਬੀ ਗੁਰਦੀਪ ਕੌਰ

# ਆਮ ਆਦਮੀ ਪਾਰਟੀ ਮਹਿਲਾ ਵਿੰਗ ਲੁਧਿਆਣਾ ਸ਼ਹਿਰੀ ਦੀ ਮੀਟਿੰਗ

## ਸਰਕਾਰ ਦੇ ਹਰ ਕੰਮ ਨੂੰ ਘਰ ਘਰ ਪਹੁੰਚਾਇਆ ਜਾਵੇਗਾ-ਮਨੀਸ਼ਾ ਕਪੂਰ

ਲੁਧਿਆਣਾ, 28 ਅਕਤੂਬਰ (ਡਾ. ਤਰਲੋਚਨ ਸਿੰਘ)-ਆਮ ਆਦਮੀ ਪਾਰਟੀ ਮਹਿਲਾ ਵਿੰਗ ਦੀ ਸੂਬਾ ਪ੍ਰਧਾਨ ਡਾ. ਅਮਨਦੀਪ ਕੌਰ ਅਰੋੜਾ ਅਤੇ ਸੂਬਾ ਇੰਚਾਰਜ ਗਾਇਤਰੀ ਬਿਸ਼ਨੋਈ ਦੇ ਦਿਸ਼ਾ-ਨਿਰਦੇਸ਼ਾਂ ਹੇਠ 'ਆਪ' ਮਹਿਲਾ ਵਿੰਗ ਲੁਧਿਆਣਾ ਸ਼ਹਿਰੀ ਦੀ ਪ੍ਰਧਾਨ ਮਨੀਸ਼ਾ ਕਪੂਰ ਦੀ ਅਗਵਾਈ ਹੇਠ ਵਾਰਡ ਨੰਬਰ 66 ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਮਹਿਲਾ ਵਿੰਗ ਦੀਆਂ ਮੈਂਬਰਾਂ ਨੇ ਬਹੁਤ ਹੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਭਲਾਈ ਯੋਜਨਾਵਾਂ 'ਤੇ ਖੁੱਲ੍ਹ ਕੇ ਚਰਚਾ ਕੀਤੀ। ਇਸ ਮੌਕੇ ਹਲਕਾ ਕੋਆਰਡੀਨੇਟਰ ਪੂਨਮ ਅਰੋੜਾ ਅਤੇ ਪਰਮਿੰਦਰ ਕੌਰ ਵੀ ਹਾਜ਼ਰ ਸਨ। ਮੀਟਿੰਗ 'ਚ ਮੌਜੂਦ ਸਮੂਹ ਮੈਂਬਰਾਂ ਨੇ ਹਲਕਾ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਇਕੋ ਇਕ ਪਾਰਟੀ ਹੈ, ਜਿਸ ਨੇ ਸੱਚਮੁੱਚ ਲੋਕ ਭਲਾਈ 'ਤੇ ਕੰਮ ਕੀਤਾ ਹੈ, ਭਗਵੰਤ ਮਾਨ ਸਰਕਾਰ ਨੇ ਬਿਜਲੀ ਦੇ ਬਿੱਲਾਂ ਨੂੰ ਖਤਮ ਕਰਕੇ ਆਮ ਪਰਿਵਾਰਾਂ ਨੂੰ ਰਾਹਤ ਦਿੱਤੀ ਹੈ, ਜਿਹੜੇ ਪਰਿਵਾਰ ਪਹਿਲਾਂ ਬਿਜਲੀ ਦੇ ਬਿੱਲਾਂ 'ਤੇ ਆਪਣਾ ਅੱਧਾ ਖਰਚ ਕਰਦੇ ਸਨ, ਉਹ ਹੁਣ ਜ਼ੀਰੋ ਬਿਜਲੀ ਬਿੱਲਾਂ ਕਾਰਨ ਮਹੱਤਵਪੂਰਨ ਵਿੱਤੀ ਲਾਭ ਪ੍ਰਾਪਤ ਕਰ ਰਹੇ ਹਨ। ਇਸ ਮੌਕੇ ਸਮੂਹ ਮੈਂਬਰਾਂ ਨੇ ਆਮ ਆਦਮੀ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਅਤੇ ਹਲਕਾ ਵਿਧਾਇਕ ਦੇ ਵਿਕਾਸ ਕਾਰਜਾਂ ਨੂੰ ਹਰ ਘਰ ਤੱਕ ਪਹੁੰਚਾਉਣ ਦਾ ਸੰਕਲਪ ਲਿਆ। ਇਸ ਮੌਕੇ ਮਨੀਸ਼ਾ ਕਪੂਰ ਨੇ ਕਿਹਾ ਕਿ ਵਾਰਡ ਨੰਬਰ 66 ਨਾ ਸਿਰਫ਼ ਮੇਰਾ ਵਾਰਡ ਹੈ, ਬਲਕਿ ਮੇਰਾ ਪਰਿਵਾਰ ਵੀ ਹੈ।

# ਗੁਰੂ ਨਾਨਕ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ ਮਹਿੰਦੀ ਮੁਕਾਬਲਾ ਕਰਵਾਇਆ

ਲੁਧਿਆਣਾ, 28 ਅਕਤੂਬਰ (ਭੁਪਿੰਦਰ ਸਿੰਘ ਬੈਂਸ)-ਗੁਰੂ ਨਾਨਕ ਇੰਟਰਨੈਸ਼ਨਲ ਪਬਲਿਕ ਸਕੂਲ, ਮਾਡਲ ਟਾਊਨ ਵਿਖੇ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਮਹਿੰਦੀ ਮੁਕਾਬਲਾ ਕਰਵਾਇਆ ਗਿਆ। ਇਸ ਮੌਕੇ ਸਕੂਲ ਦੇ ਚਾਰਾਂ ਹਾਊਸਾਂ ਨੀਲਾ, ਸੁਨਹਿਰੀ, ਹਰਾ ਤੇ ਲਾਲ ਦੇ ਵਿਦਿਆਰਥੀਆਂ ਨੇ ਮੁਕਾਬਲੇ ਵਿਚ ਸਰਗਰਮੀ ਨਾਲ ਹਿੱਸਾ ਲਿਆ। ਹਰੇਕ ਭਾਗੀਦਾਰ ਨੇ ਆਪਣੇ ਸਾਥੀਆਂ ਨੂੰ ਗੁੰਝਲਦਾਰ ਤੇ ਸਿਰਜਣਾਤਮਕ ਮਹਿੰਦੀ ਪੈਟਰਨਾਂ ਨਾਲ ਸੁੰਦਰ ਢੰਗ ਨਾਲ ਸਜਾਇਆ ਤੇ ਰਵਾਇਤੀ ਤੇ ਆਧੁਨਿਕ ਡਿਜ਼ਾਈਨ ਪ੍ਰਦਰਸ਼ਿਤ ਕੀਤੇ। ਸਕੂਲ ਪ੍ਰਿੰਸੀਪਲ ਗੁਰਮੰਤ ਕੌਰ ਗਿੱਲ ਨੇ ਸਾਰੇ ਭਾਗੀਦਾਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਆਪਣੀਆਂ ਰਚਨਾਤਮਕ ਯੋਗਤਾਵਾਂ ਨੂੰ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ।

# ਨਹਿਰੂ ਸਿਧਾਂਤ ਕੇਂਦਰ ਟਰੱਸਟ ਨੇ ਸਾਲਾਨਾ ਅੰਤਰ-ਕਾਲਜ ਬਹਿਸ ਮੁਕਾਬਲਾ ਕਰਵਾਇਆ



ਲੁਧਿਆਣਾ, 28 ਅਕਤੂਬਰ (ਅ.ਬ.)- ਪੰਡਿਤ ਜਵਾਹਰ ਲਾਲ ਨਹਿਰੂ ਦੇ 136ਵੇਂ ਜਨਮ ਦਿਵਸ ਨੂੰ ਮਨਾਉਣ ਲਈ ਨਹਿਰੂ ਸਿਧਾਂਤ ਕੇਂਦਰ ਟਰੱਸਟ ਨੇ ਗੁਰੂ ਨਾਨਕ ਗਰਲਜ਼ ਕਾਲਜ ਮਾਡਲ ਟਾਊਨ, ਲੁਧਿਆਣਾ ਵਿਖੇ 'ਕੀ ਤਕਨਾਲੋਜੀ ਲੋਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾ ਰਹੀ ਹੈ' ਵਿਸ਼ੇ 'ਤੇ 27ਵਾਂ ਸਾਲਾਨਾ ਅੰਤਰ-ਕਾਲਜ ਬਹਿਸ ਮੁਕਾਬਲਾ ਕਰਵਾਇਆ। ਲੁਧਿਆਣਾ ਦੇ ਵੱਖ-ਵੱਖ ਕਾਲਜਾਂ ਦੀਆਂ ਕੁੱਲ 13 ਟੀਮਾਂ ਨੇ ਬਹਿਸ ਮੁਕਾਬਲੇ 'ਚ ਹਿੱਸਾ ਲਿਆ। ਗੁਰੂ ਨਾਨਕ ਐਜੂਕੇਸ਼ਨ ਟਰੱਸਟ ਲੁਧਿਆਣਾ ਦੇ ਪ੍ਰਧਾਨ ਗੁਰਬੀਰ ਸਿੰਘ ਗਰੇਵਾਲ ਮੁੱਖ ਮਹਿਮਾਨ ਸਨ। ਨਹਿਰੂ ਸਿਧਾਂਤ ਕੇਂਦਰ ਟਰੱਸਟ ਦੇ ਮੈਂਬਰਾਂ ਅਤੇ ਹੋਰ ਸਿੱਖਿਆ ਸ਼ਾਸਤਰੀਆਂ ਨੇ ਬਹਿਸ ਮੁਕਾਬਲੇ ਦੌਰਾਨ ਮੌਜੂਦ ਸਨ। ਬੁਲਾਰਿਆਂ ਨੇ ਵਿਸ਼ੇ 'ਤੇ ਆਪਣੇ ਵਿਚਾਰ ਆਤਮਵਿਸ਼ਵਾਸ ਅਤੇ ਨਿਡਰਤਾ ਨਾਲ ਪੇਸ਼ ਕੀਤੇ, ਆਪਣੀ ਵਾਕਫੀਅਤ ਦਾ ਪ੍ਰਦਰਸ਼ਨ ਕੀਤਾ। ਪਹਿਲਾ ਇਨਾਮ ਮਿਸ ਯਸ਼ਿਕਾ ਜੇਠੀ ਗੁਰੂ ਨਾਨਕ ਗਰਲਜ਼ ਕਾਲਜ ਨੂੰ , ਦੂਜਾ ਇਨਾਮ ਮਿਸ ਪ੍ਰਕ੍ਰਿਤੀ ਕੁਮਾਰੀ, ਰਾਮਗੜ੍ਹੀਆ ਗਰਲਜ਼ ਕਾਲਜ ਨੂੰ, ਤੀਜਾ ਇਨਾਮ ਮਾਧਵ ਸ਼ਰਮਾ, ਸ੍ਰੀ ਆਤਮਾ ਵੱਲਭ ਜੈਨ ਕਾਲਜ ਨੂੰ, ਦਿਲਾਸਾ ਇਨਾਮ ਮਿਸ ਸਵਪਨਜੀਤ ਕੌਰ, ਮਾਸਟਰ ਤਾਰਾ ਸਿੰਘ ਮੈਮੋਰੀਅਲ ਕਾਲਜ ਫਾਰ ਵੂਮੈਨ ਨੂੰ ਦਿੱਤਾ ਗਿਆ ਅਤੇ ਗੁਰੂ ਨਾਨਕ ਗਰਲਜ਼ ਕਾਲਜ, ਮਾਡਲ ਟਾਊਨ, ਲੁਧਿਆਣਾ ਨੇ ਓਵਰਆਲ ਰਨਿੰਗ ਟਰਾਫੀ ਜਿੱਤੀ। ਜੇਤੂਆਂ ਨੂੰ 12 ਨਵੰਬਰ, 2025 ਨੂੰ ਨਹਿਰੂ ਸਿਧਾਂਤ ਕੇਂਦਰ ਟਰੱਸਟ, ਲੁਧਿਆਣਾ ਦੁਆਰਾ ਆਯੋਜਿਤ ਸਾਲਾਨਾ ਸਮਾਗਮ ਦੌਰਾਨ ਨਹਿਰੂ ਟਰਾਫੀ ਅਤੇ ਵਿਅਕਤੀਗਤ ਪੁਰਸਕਾਰ ਪ੍ਰਦਾਨ ਕੀਤੇ ਜਾਣਗੇ।

# ਪਰਾਲੀ ਨੂੰ ਅੱਗ ਲਗਾਉਣ ਦੇ ਦੋਸ਼ ਹੇਠ ਮਾਮਲਾ ਦਰਜ

*ਸਿੱਧਵਾਂ ਬੇਟ, 28 ਅਕਤੂਬਰ (ਜਸਵੰਤ ਸਿੰਘ ਸਲੇਮਪੁਰੀ)-ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਨਿਯੁਕਤ ਨੋਡਲ ਅਫ਼ਸਰ ਅਪਤਿੰਦਰ ਨੂੰ ਦਰਿਆ ਸਤਲੁਜ ਲਾਗਲੇ ਪਿੰਡ ਕੰਨੀਆਂ ਹੁਸੈਨੀ ਦੀ ਸੈਟੇਲਾਈਟ ਰਾਹੀਂ ਜਾਣਕਾਰੀ ਮਿਲੀ ਕਿ ਕੋਈ ਕਿਸਾਨ ਆਪਣੇ ਖੇਤਾਂ ਵਿਚ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਕੇ ਵਾਤਾਵਰਨ ਨੂੰ ਪ੍ਰਦੂਸ਼ਿਤ ਕਰ ਰਿਹਾ ਹੈ। ਉਪਰੰਤ ਉਸ ਨੇ ਥਾਣਾ ਸਿੱਧਵਾਂ ਬੇਟ ਦੀ ਪੁਲਿਸ ਚੌਂਕੀ ਗਿੱਦੜਵਿੰਡੀ ਦੇ ਇੰਚਾਰਜ ਏ.ਐੱਸ.ਆਈ. ਸੁਖਮੰਦਰ ਸਿੰਘ ਨੂੰ ਨਾਲ ਲੈ ਕੇ ਜਦੋਂ ਜਾਣਕਾਰੀ ਲਈ ਤਾਂ ਕਿਸੇ ਨਾ-ਮਲੂਮ ਕਿਸਾਨ ਨੇ ਪਰਾਲੀ ਵਾਲੇ ਖੇਤ ਨੂੰ ਅੱਗ ਲਗਾਈ ਸੀ। ਉਪਰੰਤ ਨੋਡਲ ਅਫ਼ਸਰ ਦੇ ਬਿਆਨਾਂ 'ਤੇ ਡਿਪਟੀ ਕਮਿਸ਼ਨਰ ਲੁਧਿਆਣਾ ਵਲੋਂ ਧਾਰਾ 163 ਬੀ.ਐੱਨ.ਐੱਸ. ਤਹਿਤ ਪਾਸ ਕੀਤੇ ਹੁਕਮਾਂ ਦੀ ਉਲੰਘਣਾ ਕਰਨ ਦੇ ਦੋਸ਼ ਹੇਠ ਇਕ ਨਾ-ਮਲੂਮ ਕਿਸਾਨ ਖ਼ਿਲਾਫ਼ ਥਾਣਾ ਸਿੱਧਵਾਂ ਬੇਟ ਵਿਖੇ ਧਾਰਾ 223 ਬੀ.ਐੱਨ.ਐੱਸ. ਤਹਿਤ ਮੁਕੱਦਮਾਂ ਨੰ. 251 ਦਰਜ ਕੀਤਾ ਗਿਆ।*



ਗੁਰੂ ਨਾਨਕ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਦੇ ਕਰਵਾਏ ਮਹਿੰਦੀ ਮੁਕਾਬਲੇ ਦਾ ਦ੍ਰਿਸ਼। ਤਸਵੀਰ-ਸੇਵਕ ਸਿੰਘ

# ਐਸ.ਸੀ.ਡੀ. ਕਾਲਜ ਨੇ ਇੰਟਰ ਕਾਲਜ ਵਾਲੀਬਾਲ ਮੁਕਾਬਲੇ 'ਚ ਜਿੱਤਿਆ ਸੋਨ ਤਗਮਾ

ਲੁਧਿਆਣਾ, 28 ਅਕਤੂਬਰ (ਜਸਵਿੰਦਰ ਸਿੰਘ)-ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਇੰਟਰ ਕਾਲਜ ਵਾਲੀਬਾਲ ਮੁਕਾਬਲੇ (ਡਿਵੀਜ਼ਨ-ਏ) ਵਿਚ ਐਸ.ਸੀ.ਡੀ. ਸਰਕਾਰੀ ਕਾਲਜ ਦੀ ਵਾਲੀਬਾਲ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੋਨੇ ਦਾ ਤਮਗਾ ਆਪਣੇ ਨਾਮ ਕੀਤਾ। ਇਹ ਕਾਲਜ ਦੀ ਲਗਾਤਾਰ 9ਵੀਂ ਵਾਰੀ ਸੋਨੇ ਦਾ ਤਮਗਾ ਜਿੱਤਣ ਦੀ ਉਪਲਬਧੀ ਹੈ, ਜੋ ਟੀਮ ਦੀ ਅਨੁਸ਼ਾਸਨ, ਲਗਾਤਾਰ ਮਿਹਨਤ ਅਤੇ ਉੱਤਮ ਖੇਡ ਭਾਵਨਾ ਦਾ ਪ੍ਰਤੀਕ ਹੈ। ਟੀਮ ਦੇ ਮੈਨਟਰ ਅਤੇ ਫਿਜ਼ੀਕਲ ਐਜੂਕੇਸ਼ਨ ਵਿਭਾਗ ਦੇ ਮੁਖੀ ਪ੍ਰੋ. ਕੁਲਵੰਤ ਸਿੰਘ ਨੇ ਇਸ ਸਫਲਤਾ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਕਾਲਜ ਦੀ ਵਾਲੀਬਾਲ ਟੀਮ ਹਮੇਸ਼ਾ ਹੀ ਸ਼ਾਨਦਾਰ ਪ੍ਰਦਰਸ਼ਨ ਕਰਦੀ ਆ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਟੀਮ ਸਿਰਫ਼ ਇੰਟਰ ਕਾਲਜ ਮੁਕਾਬਲਿਆਂ ਤੱਕ ਹੀ ਸੀਮਤ ਨਹੀਂ, ਸਗੋਂ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ 'ਤੇ ਵੀ ਕਈ ਉਪਲਬਧੀਆਂ ਹਾਸਲ ਕਰ ਚੁੱਕੀ ਹੈ। ਇਸ ਸਾਲ ਵੀ ਟੀਮ ਨੇ ਆਪਣੇ ਉਤਕ੍ਰਿਸ਼ਟ ਹੁਨਰ, ਏਕਤਾ ਅਤੇ ਕਠੋਰ ਮਿਹਨਤ ਦੇ ਬਲ 'ਤੇ ਸੋਨੇ ਦਾ ਤਮਗਾ ਜਿੱਤ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਕਾਲਜ ਦੇ ਪ੍ਰਿੰਸੀਪਲ ਪ੍ਰੋ. (ਡਾ.) ਗੁਰਸ਼ਰਨ ਜੀਤ ਸਿੰਘ ਸੰਧੂ ਨੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮੈਨਟਰ ਪ੍ਰੋ. ਕੁਲਵੰਤ ਸਿੰਘ ਅਤੇ ਫਿਜ਼ੀਕਲ ਐਜੂਕੇਸ਼ਨ ਵਿਭਾਗ ਦੇ ਪ੍ਰੋਫੈਸਰ ਪ੍ਰੋ. ਸਤਨਾਮ ਸਿੰਘ, ਪ੍ਰੋ. ਅਮਰਪ੍ਰੀਤ ਕੌਰ ਅਤੇ ਉਨ੍ਹਾਂ ਦੇ ਕੋਚਾਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਖਿਡਾਰੀਆਂ ਦੀ ਇਹ ਉਪਲਬਧੀ ਨਾ ਸਿਰਫ਼ ਕਾਲਜ ਲਈ ਮਾਣ ਦੀ ਗੱਲ ਹੈ, ਸਗੋਂ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਵੀ ਹੈ। ਇਸ ਮੌਕੇ 'ਤੇ ਪ੍ਰੋ. ਕੁਲਵੰਤ ਸਿੰਘ ਨੇ ਵਾਲੀਬਾਲ ਕੋਚ ਗੁਰਜੋਤ ਸਿੰਘ (ਰੇਲਵੇ), ਸੁਨੀਲ ਕੁਮਾਰ ਅਤੇ ਪ੍ਰਭਜੋਤ ਸਿੰਘ ਦੇ ਪ੍ਰਤੀ ਵੀ ਖਾਸ ਧੰਨਵਾਦ ਪ੍ਰਗਟਾਇਆ, ਜਿਨ੍ਹਾਂ ਨੇ ਪੂਰੇ ਸਾਲ ਟੀਮ ਨੂੰ ਸਮਰਪਿਤ ਢੰਗ ਨਾਲ ਤਿਆਰ ਕੀਤਾ ਅਤੇ ਇਸ ਇਤਿਹਾਸਕ ਸਫਲਤਾ 'ਚ ਅਹਿਮ ਭੂਮਿਕਾ ਨਿਭਾਈ।





ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਵਿਖੇ ਨਤਮਸਤਕ ਹੋਣ ਸਮੇਂ ਜ਼ਿਲ੍ਹਾ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੂੰ ਸਨਮਾਨਿਤ ਕਰਦੇ ਹੋਏ ਪ੍ਰਧਾਨ ਸੁਰਿੰਦਰ ਪਾਲ ਸਿੰਘ ਬਿੰਦਰਾ, ਜਨਰਲ ਸਕੱਤਰ ਸੁਖਵਿੰਦਰ ਪਾਲ ਸਿੰਘ ਲਾਲੀ ਸਰਨਾ, ਅਮਰਜੀਤ ਸਿੰਘ ਟਿੱਕਾ ਅਤੇ ਹੋਰ। ਤਸਵੀਰ-ਸੇਵਕ ਸਿੰਘ

# ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਵਿਖੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਹੋਏ ਨਤਮਸਤਕ

## ਪ੍ਰਬੰਧਕ ਕਮੇਟੀ ਨੇ ਕੀਤਾ ਵਿਸ਼ੇਸ਼ ਤੌਰ 'ਤੇ ਸਵਾਗਤ

ਲੁਧਿਆਣਾ, 28 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)- ਸਥਾਨਕ ਮਾਡਲ ਟਾਊਨ ਐਕਸਟੈਨਸ਼ਨ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਵਿਖੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨਤਮਸਤਕ ਹੋਏ, ਜਿੱਥੇ ਕਿ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਡਿਪਟੀ ਕਮਿਸ਼ਨਰ ਵਲੋਂ ਇੱਥੇ ਸਰਬੱਤ ਦੇ ਭਲੇ ਦੀ ਅਰਦਾਸ ਕਰਵਾਈ ਅਤੇ ਉਨ੍ਹਾਂ ਸੰਗਤ 'ਚ ਬੈਠ ਕੇ ਪਾਠ ਸਰਵਣ ਕੀਤਾ, ਉਪਰੰਤ ਪੰਗਤ 'ਚ ਬੈਠ ਕੇ ਵੀ ਲੰਗਰ ਛਕਿਆ। ਇਸ ਮੌਕੇ ਉਨ੍ਹਾਂ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੂੰ ਦੱਸਿਆ ਕਿ ਇੱਥੇ ਆ ਕੇ ਉਨ੍ਹਾਂ ਨੂੰ ਬੜਾ ਸਕੂਨ ਪ੍ਰਾਪਤ ਹੋਇਆ ਹੈ। ਪ੍ਰਬੰਧਕ ਕਮੇਟੀ ਦੇ ਮੈਂਬਰ ਅਮਰਜੀਤ ਸਿੰਘ ਟਿੱਕਾ ਵਲੋਂ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਵਲੋਂ ਹੜ੍ਹਾਂ ਦੌਰਾਨ ਨਿਭਾਈਆਂ ਗਈਆਂ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ ਗਈ। ਇਸ ਦੌਰਾਨ ਪ੍ਰਧਾਨ ਸੁਰਿੰਦਰ ਪਾਲ ਸਿੰਘ ਬਿੰਦਰਾ, ਜਨਰਲ ਸਕੱਤਰ ਸੁਖਵਿੰਦਰ ਪਾਲ ਸਿੰਘ ਲਾਲੀ ਸਰਨਾ ਅਤੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਵਲੋਂ ਡਿਪਟੀ ਕਮਿਸ਼ਨਰ ਨੂੰ ਸਿਰੋਪਾਉ ਅਤੇ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੁਆਰਾ ਸਾਹਿਬ ਟਰੱਸਟ ਮੈਂਬਰ ਨਵਪ੍ਰੀਤ ਸਿੰਘ ਬਿੰਦਰਾ, ਹਰਪ੍ਰੀਤ ਸਿੰਘ ਰਾਜਧਾਨੀ, ਅਮਰਪਾਲ ਸਿੰਘ ਸਰਨਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਵਿਧਾਇਕ ਸੰਗੋਵਾਲ ਨੇ 33.75 ਲੱਖ ਦੀ ਲਾਗਤ ਵਾਲੇ ਖੇਡ ਗਰਾਊਂਡ ਦਾ ਕੀਤਾ ਸ਼ੁੱਭ ਆਰੰਭ

## ਕਿਹਾ, 5 ਲੱਖ ਦਾ ਨੌਜਵਾਨਾਂ ਲਈ ਵਧੀਆ ਇੰਡੋਰ ਜਿੰਮ ਵੀ ਦਿੱਤਾ ਜਾਵੇਗਾ

ਲਾਡੋਵਾਲ, 28 ਅਕਤੂਬਰ (ਬਲਬੀਰ ਸਿੰਘ ਰਾਣਾ)- ਸਰਕਾਰ ਵਲੋਂ ਪਿੰਡਾਂ 'ਚੋਂ ਨਸ਼ਾ ਖ਼ਤਮ ਕਰਕੇ ਪਿੰਡਾਂ ਦੇ ਨੌਜਵਾਨਾਂ ਨੂੰ ਨਸ਼ਾ ਰਹਿਤ ਕਰਨ ਲਈ ਖੇਡਾਂ ਤੇ ਖੇਡ ਮੁਕਾਬਲਿਆਂ 'ਚ ਭਾਗ ਲੈਣ ਲਈ ਪਿੰਡਾਂ 'ਚ ਆਧੁਨਿਕ ਤਕਨੀਕ ਵਾਲੇ ਖੇਡ ਗਰਾਊਂਡ ਬਣਾ ਕੇ ਦਿੱਤੇ ਜਾ ਰਹੇ ਹਨ। ਇਹ ਵਿਚਾਰ ਵਿਧਾਨ ਸਭਾ ਹਲਕਾ ਗਿੱਲ ਦੇ ਵਿਧਾਇਕ ਜੀਵਨ ਸਿੰਘ ਸੰਗੋਵਾਲ ਨੇ ਕਸਬਾ ਲਾਡੋਵਾਲ ਵਿਖੇ ਖੇਡ ਗਰਾਊਂਡ ਦਾ ਰੀਬਨ ਕੱਟ ਕੇ ਸ਼ੁੱਭ ਆਰੰਭ ਕਰਨ ਸਮੇਂ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸਾਂਝੇ ਕੀਤੇ। ਵਿਧਾਇਕ ਸੰਗੋਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਗਿੱਲ ਹਲਕੇ ਨੂੰ ਪਿੰਡਾਂ 'ਚ 31 ਖੇਡ ਗਰਾਊਂਡ ਬਣਾਉਣ ਦਾ ਪ੍ਰੋਜੈਕਟ ਦਿੱਤਾ ਹੈ, ਜਿਸ ਦੇ ਤਹਿਤ ਲਾਡੋਵਾਲ ਦੇ ਇਸ ਖੇਡ ਗਰਾਊਂਡ ਦਾ ਸ਼ੁੱਭ ਆਰੰਭ ਕੀਤਾ ਗਿਆ ਹੈ, ਜਿਸ ਤੇ ਸਰਕਾਰ ਵਲੋਂ 33.75 ਲੱਖ ਰੁਪਏ ਖ਼ਰਚ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਰਾਸ਼ੀ ਨਾਲ ਟਿਊਬਵੈੱਲ, ਵਧੀਆ ਘਾਹ, ਵਧੀਆ ਕੰਪਨੀ ਦੀਆਂ ਲਾਈਟਾਂ ਅਤੇ ਫੁਹਾਰੇ ਵਗ਼ੈਰਾ ਲਗਾਏ ਜਾਣਗੇ, ਤਾਂ ਜੋ ਖੇਡ ਗਰਾਊਂਡ ਦੀ ਦਿੱਖ ਬੇਹੱਦ ਸੁੰਦਰ ਤੇ ਸੋਹਣੀ ਲੱਗੇ। ਸੰਗੋਵਾਲ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਅਤੇ ਨਸ਼ਿਆਂ ਰਹਿਤ ਸਮਾਜ ਦੀ ਸਿਰਜਣਾ ਕਰਨ ਲਈ 5 ਲੱਖ ਦਾ ਇੰਡੋਰ ਜਿੰਮ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਵਿਧਾਇਕ ਸੰਗੋਵਾਲ ਨੂੰ ਸਿਰੋਪਾਉ ਭੇਟ ਕਰਕੇ ਪੰਚਾਇਤ ਵਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਰਪੰਚ ਬੀਰ ਚੰਦ ਕਲਿਆਣ, ਪ੍ਰਧਾਨ ਜਮਲਾ, ਸੰਦੀਪ, ਰਮੇਸ਼ ਸਿੰਘ, ਬਲਵੀਰ ਸਿੰਘ ਬਿੱਲਾ, ਬੰਟੀ, ਜਗਪਾਲ ਬਾਬਾ, ਸੰਦੀਪ ਕੁਮਾਰ, ਨਿਰਮਲਾ ਰਾਣੀ (ਸਾਰੇ ਪੰਚ) ਬੂਟਾ, ਬਿੱਟਾ ਪ੍ਰਧਾਨ, ਗੁਰਮੇਲ ਰਾਮ, ਸ਼ਿੰਦੀ, ਜਸਬੀਰ ਕਲਿਆਣ, ਲਖਵਿੰਦਰ ਲੱਕੀ, ਸਵਰਨ ਸਿੰਘ ਸਹੋਤਾ, ਬਲਾਕ ਪ੍ਰਧਾਨ ਲੱਕੀ ਤਲਵੰਡੀ, ਸਾਬਕਾ ਸਰਪੰਚ ਹੰਸਰਾਜ ਸਿੰਘ ਤਲਵੰਡੀ, ਚੌਧਰੀ ਅਮਰਦਾਸ ਤਲਵੰਡੀ, ਸਾਬਕਾ ਸਰਪੰਚ ਜੈਮਲ ਸਿੰਘ, ਪ੍ਰਿੰਸੀਪਲ ਜ਼ਰੀਨਾ ਤੇ ਸਮੂਹ ਸਟਾਫ਼, ਪੀ.ਏ. ਜਸਵਿੰਦਰ ਸਿੰਘ ਜੱਸੀ, ਲਾਡੀ ਸੰਗੋਵਾਲ ਤੋਂ ਇਲਾਵਾ ਹੋਰ ਹਾਜ਼ਰ ਸਨ।



ਲਾਡੋਵਾਲ ਵਿਖੇ ਵਿਧਾਇਕ ਜੀਵਨ ਸਿੰਘ ਸੰਗੋਵਾਲ ਖੇਡ ਗਰਾਊਂਡ ਦਾ ਸ਼ੁੱਭ ਆਰੰਭ ਕਰਨ ਉਪਰੰਤ ਸੰਬੋਧਨ ਕਰਦੇ ਹੋਏ, ਨਾਲ ਸਰਪੰਚ ਬੀਰ ਚੰਦ ਕਲਿਆਣ, ਜਮਲਾ ਅਤੇ ਹੋਰ। ਤਸਵੀਰ : ਬਲਬੀਰ ਸਿੰਘ ਰਾਣਾ